# ਆਕਾਸ਼ਵਾਣੀ ਜਲੰਧਰ

# ਪ੍ਰਦੇਸ਼ਿਕ ਖਬਰਾਂ ਪੰਜਾਬੀ

## 18:20

**ਮਿਤੀ :31-01-2026**

***ਪਹਿਲਾ ਬੁਲੇਟਿਨ ਦੀਆਂ ਖਾਸ ਖਬਰਾਂ***

- ਪ੍ਰਧਾਨ ਮੰਤਰੀ ਨਰੇਂਦਰ ਮੋਦੀ ਕੱਲ੍ਹ ਸੰਤ ਗੁਰੂ ਰਵਿਦਾਸ ਦਾ 649ਵਾਂ ਪ੍ਰਕਾਸ਼ ਪੁਰਬ ਮੌਕੇ ਜਲੰਧਰ ਦੇ ਦੌਰੇ 'ਤੇ ਹੋਣਗੇ- ਇਸੇ ਦੌਰਾਨ ਆਦਮਪੁਰ ਹਵਾਈ ਅੱਡੇ ਦਾ ਨਾਮ ਬਦਲ ਕੇ, ਆਦਮਪੁਰ ਸ਼੍ਰੀ ਗੁਰੂ ਰਵਿਦਾਸ ਜੀ ਹਵਾਈ ਅੱਡਾ ਰੱਖਣਗੇ।

- ਰਾਸ਼ਟਰਪਤੀ ਦ੍ਰੋਪਦੀ ਮੁਰਮੂ ਨੇ ਗੁਰੂ ਰਵਿਦਾਸ ਜੀ ਦੇ ਪ੍ਰਕਾਸ਼ ਪੁਰਬ ਤੋਂ ਪਹਿਲਾਂ ਦੀ ਸ਼ਾਮ ਲੋਕਾਂ ਨੂੰ ਵਧਾਈ ਦਿੱਤੀ।

- ਕੈਬਿਨੇਟ ਮੰਤਰੀ ਸੰਜੀਵ ਅਰੋੜਾ ਨੇ ਸਾਰੀਆਂ ਸ਼ਹਿਰੀ ਸਥਾਨਕ ਇਕਾਈਆਂ ਦੇ ਕੰਮ ਕਾਜ ਲਈ ਮਤੇ ਪੂਰੀ ਤਰ੍ਹਾਂ ਕਾਗਜ਼ ਰਹਿਤ ਢੰਗ ਨਾਲ ਪਾਸ ਕਰਨ ਦੇ ਨਿਰਦੇਸ਼ ਦਿੱਤੇ ।

•	ਪੰਜਾਬ ਸਰਕਾਰ ਵਲੋਂ 'ਯੁੱਧ ਨਸ਼ਿਆਂ ਵਿਰੁੱਧ' ਪਹਿਲਕਦਮੀ ਤਹਿਤ, ਸੂਬੇ ਭਰ ਦੇ 200 ਸਰਕਾਰੀ ਕਾਲਜਾਂ ਲਈ ਸਮਰੱਥਾ ਨਿਰਮਾਣ ਵਰਕਸ਼ਾਪ ਦਾ ਆਯੋਜਨ।

•	ਭਾਰਤ ਅਤੇ ਨਿਊਜ਼ੀਲੈਂਡ ਦਰਮਿਆਨ twenty-20 ਅੰਤਰ-ਰਾਸ਼ਟਰੀ ਕ੍ਰਿਕੇਟ ਲੜੀ ਦਾ 5ਵਾਂ ਅਤੇ ਆਖਰੀ ਮੈਚ ਅੱਜ ਤਿਰੂਵਨੰਤਪੁਰਮ ਵਿਖੇ ਖੇਡਿਆ ਜਾਵੇਗਾ।

---------------------------------------------------------

ਪ੍ਰਧਾਨ ਮੰਤਰੀ ਨਰੇਂਦਰ ਮੋਦੀ ਕੱਲ੍ਹ ਸੰਤ ਗੁਰੂ ਰਵਿਦਾਸ ਦੇ 649ਵੇਂ ਪ੍ਰਕਾਸ਼ ਪੁਰਬ ਨੂੰ ਮਨਾਉਣ ਲਈ ਪੰਜਾਬ ਦੇ ਦੌਰੇ 'ਤੇ ਹੋਣਗੇ। ਉਹ ਆਦਮਪੁਰ ਹਵਾਈ ਅੱਡੇ ਦਾ ਦੌਰਾ ਕਰਨਗੇ ਅਤੇ ਇਸਦਾ ਨਾਮ ਬਦਲ ਕੇ ਆਦਮਪੁਰ ਸ੍ਰੀ ਗੁਰੂ ਰਵਿਦਾਸ ਜੀ ਹਵਾਈ ਅੱਡਾ ਰੱਖਣਗੇ। ਪ੍ਰਧਾਨ ਮੰਤਰੀ ਦਫ਼ਤਰ ਨੇ ਕਿਹਾ ਕਿ ਆਦਮਪੁਰ ਹਵਾਈ ਅੱਡੇ ਦਾ ਨਾਮ ਬਦਲਣਾ ਸਤਿਕਾਰਯੋਗ ਸੰਤ ਅਤੇ ਸਮਾਜ ਸੁਧਾਰਕ ਦਾ ਸਨਮਾਨ ਕਰਦਾ ਏ ਜਿਨ੍ਹਾਂ ਦੀਆਂ ਸਮਾਨਤਾ, ਦਇਆ ਅਤੇ ਮਨੁੱਖੀ ਕਦਰਾਂ ਕੀਮਤਾਂ ਦੀਆਂ ਸਿੱਖਿਆਵਾਂ ਭਾਰਤ ਦੀ ਸਮਾਜਿਕ ਨੈਤਿਕਤਾ ਨੂੰ ਪ੍ਰੇਰਿਤ

ਕਰਦੀਆਂ ਰਹਿੰਦੀਆਂ ਨੇ । ਪ੍ਰਧਾਨ ਮੰਤਰੀ ਮੋਦੀ ਲੁਧਿਆਣਾ ਦੇ ਹਲਵਾਰਾ ਹਵਾਈ ਅੱਡੇ 'ਤੇ ਟਰਮੀਨਲ ਇਮਾਰਤ ਦਾ ਉਦਘਾਟਨ ਵੀ ਕਰਨਗੇ ।  ਇਸ ਨਾਲ ਲੁਧਿਆਣਾ ਅਤੇ ਨੇੜਲੇ ਉਦਯੋਗਿਕ ਅਤੇ ਖੇਤੀਬਾੜੀ ਖੇਤਰ ਦੀਆਂ ਜਰੂਰਤਾਂ ਪੂਰੀਆਂ ਹੋਣਗੀਆਂ। ਹਲਵਾਰਾ ਵਿੱਚ ਭਾਰਤੀ ਹਵਾਈ ਸੈਨਾ ਦਾ ਰਣਨੀਤਕ ਤੌਰ 'ਤੇ ਮਹੱਤਵਪੂਰਨ ਸਟੇਸ਼ਨ ਵੀ ਏ। ਸੰਪਰਕ ਨੂੰ ਬਿਹਤਰ ਬਣਾਉਣ ਅਤੇ ਵੱਡੇ ਜਹਾਜ਼ਾਂ ਨੂੰ ਅਨੁਕੂਲ ਬਣਾਉਣ ਲਈ, ਹਲਵਾਰਾ ਵਿਖੇ ਇੱਕ ਨਵਾਂ ਸਿਵਲ ਐਨਕਲੇਵ ਵਿਕਸਤ ਕੀਤਾ ਗਿਆ ਏ , ਜਿਸਦਾ ਲੰਬਾ ਰਨਵੇਅ A320 ਵਰਗੇ ਜਹਾਜ਼ਾਂ ਨੂੰ ਸੰਭਾਲਣ ਦੇ ਸਮਰੱਥ ਏ ।    ਪ੍ਰਧਾਨ ਮੰਤਰੀ ਦੇ ਦੌਰੇ ਦੇ ਮੱਦੇਨਜ਼ਰ, ਪੰਜਾਬ ਪੁਲਿਸ ਮੁਖੀ ਗੌਰਵ ਯਾਦਵ ਨੇ ਕੱਲ੍ਹ ਸ਼ਾਮ ਸੁਰੱਖਿਆ ਪ੍ਰਬੰਧਾਂ ਦਾ ਜਾਇਜ਼ਾ ਲਿਆ। ਡੇਰਾ ਸੱਚਖੰਡ ਬੱਲਾਂ ਵਿਖੇ ਸਖ਼ਤ ਚੌਕਸੀ, ਰੂਟ ਵਿਚ ਤਬਦੀਲੀ ਅਤੇ ਭੀੜ ਪ੍ਰਬੰਧਨ ਨੂੰ ਯਕੀਨੀ ਬਣਾਉਣ ਲਈ ਸੀਨੀਅਰ ਅਧਿਕਾਰੀਆਂ ਨਿਰਦੇਸ਼ ਦਿਤੇ । ਇਸੇ ਦੌਰਾਨ ਜਲੰਧਰ ਵਿਚ ਪ੍ਰਧਾਨ ਮੰਤਰੀ ਦੀ ਯਾਤਰਾ ਦੇ ਮਦੇਨਜ਼ਰ ਓਹਨਾ ਦੀ ਸੁਰੱਖਿਆ ਨੂੰ ਯਕੀਨੀ

ਬਣਾਉਣ ਲਈ ਪਹਿਲੀ ਫਰਵਰੀ ਤੱਕ ਜ਼ਿਲੇ ਭਰ ਨੂੰ 'ਨੋ ਫਲਾਇੰਗ ਜ਼ੋਨ' ਐਲਾਨਿਆ ਗਿਆ ਏ ।

---------------------------------------------------

ਰਾਸ਼ਟਰਪਤੀ ਦ੍ਰੋਪਦੀ ਮੁਰਮੂ ਨੇ ਗੁਰੂ ਰਵਿਦਾਸ ਜੀ ਦੇ ਪ੍ਰਕਾਸ਼ ਪੁਰਬ ਤੋਂ ਪਹਿਲਾਂ ਦੀ ਸ਼ਾਮ ਲੋਕਾਂ ਨੂੰ ਵਧਾਈ ਦਿੱਤੀ ਏ। ਇੱਕ ਸੰਦੇਸ਼ ਵਿੱਚ, ਰਾਸ਼ਟਰਪਤੀ ਨੇ ਕਿਹਾ ਕਿ ਗੁਰੂ ਰਵਿਦਾਸ ਜੀ ਇੱਕ ਸਤਿਕਾਰਯੋਗ ਸੰਤ ਅਤੇ ਸਮਾਜ ਸੁਧਾਰਕ ਸਨ। ਰਾਸ਼ਟਰਪਤੀ ਨੇ ਕਿਹਾ ਕਿ ਉਨ੍ਹਾਂ ਨੇ ਆਪਣੀਆਂ ਸਿੱਖਿਆਵਾਂ ਰਾਹੀਂ, ਸਮਾਨਤਾ, ਸਮਾਜਿਕ ਨਿਆਂ ਅਤੇ ਪਿਆਰ ਦਾ ਸੰਦੇਸ਼ ਦਿੱਤਾ। ਰਾਸ਼ਟਰਪਤੀ ਨੇ ਸਾਰਿਆਂ ਨੂੰ ਉਨ੍ਹਾਂ ਦੀਆਂ ਸਿੱਖਿਆਵਾਂ ਨੂੰ ਆਪਣੇ ਜੀਵਨ ਵਿੱਚ ਅਪਨਾਉਣ ਅਤੇ ਰਾਸ਼ਟਰ ਨਿਰਮਾਣ ਵਿੱਚ, ਸਰਗਰਮੀ ਨਾਲ ਯੋਗਦਾਨ ਪਾਉਣ ਦਾ ਸੱਦਾ ਦਿੱਤਾ।

---------------------------------------------------

ਗ੍ਰਹਿ ਮੰਤਰੀ ਅਮਿਤ ਸ਼ਾਹ ਨੇ ਅੱਜ ਸ੍ਰੀ ਗੁਰੂ ਹਰ ਰਾਏ ਸਾਹਿਬ ਜੀ ਦੇ ਪ੍ਰਕਾਸ਼ ਪੁਰਬ ਮੌਕੇ ਨਾਗਰਿਕਾਂ ਨੂੰ ਵਧਾਈਆਂ ਦਿੱਤੀਆਂ ਨੇ । ਗ੍ਰਹਿ ਮੰਤਰੀ ਨੇ ਕਿਹਾ ਕਿ ਲੰਗਰ ਅਤੇ ਸੰਗਤ ਦੀ ਦੀ ਰਵਾਇਤ ਨੂੰ ਮਜ਼ਬੂਤ

ਕਰਨ ਵਾਲੇ ਗੁਰੂ ਹਰ ਰਾਏ ਸਾਹਿਬ ਜੀ ਦੀਆਂ ਸਿੱਖਿਆਵਾਂ ਦਇਆ ਅਤੇ ਸੰਵੇਦਨਸ਼ੀਲਤਾ ਦਾ ਸਰੋਤ ਨੇ । ਉਨ੍ਹਾਂ ਕਿਹਾ ਕਿ ਗੁਰੂ ਸਾਹਿਬ ਜੀ ਨੇ ਸੱਚਮੁੱਚ ਮਨੁੱਖਤਾ ਦੀ ਸੇਵਾ ਕੀਤੀ ਅਤੇ ਆਪਣੀਆਂ ਦਵਾਈਆਂ ਰਾਹੀਂ ਹਰ ਜਾਤਿ, ਵਰਗ ਅਤੇ ਭਾਈਚਾਰੇ ਦੇ ਲੋਕਾਂ ਨੂੰ ਬਿਹਤਰ ਸਿਹਤ ਅਤੇ ਤੰਦਰੁਸਤੀ ਪ੍ਰਦਾਨ ਕੀਤੀ। ਗ੍ਰਹਿ ਮੰਤਰੀ ਨੇ ਕਿਹਾ ਕਿ ਗੁਰੂ ਹਰ ਰਾਏ ਸਾਹਿਬ ਜੀ ਦਾ ਜੀਵਨ ਅਤੇ ਸਿੱਖਿਆਵਾਂ, ਸਮਾਜ ਨੂੰ ਨਿਰਸਵਾਰਥ ਸੇਵਾ ਅਤੇ ਸਮਾਨਤਾ ਵੱਲ ਪ੍ਰੇਰਿਤ ਕਰਦੀਆਂ ਰਹਿਣਗੀਆਂ।

--------------------------------------------------------

ਪੰਜਾਬ ਦੇ ਸਥਾਨਕ ਸਰਕਾਰਾਂ ਬਾਰੇ ਮੰਤਰੀ ਸੰਜੀਵ ਅਰੋੜਾ ਦੀ ਪ੍ਰਧਾਨਗੀ ਹੇਠ ਸ਼ਹਿਰੀ ਸਥਾਨਕ ਇਕਾਈਆਂ ਸਬੰਧੀ ਪ੍ਰਮੁੱਖ ਮੁੱਦਿਆਂ ਬਾਰੇ ਇੱਕ ਉੱਚ-ਪੱਧਰੀ ਸਮੀਖਿਆ ਮੀਟਿੰਗ ਕੀਤੀ ਗਈ । ਮੀਟਿੰਗ ਦੌਰਾਨ, ਕੈਬਨਿਟ ਮੰਤਰੀ ਨੇ ਸਾਰੀਆਂ ਸ਼ਹਿਰੀ ਸਥਾਨਕ ਇਕਾਈਆਂ ਵਿਕਾਸ ਯੋਜਨਾਵਾਂ ਲਈ ਮਤੇ ਪੂਰੀ ਤਰ੍ਹਾਂ ਕਾਗਜ਼ ਰਹਿਤ ਢੰਗ ਨਾਲ ਪਾਸ ਕਰਨ ਦੇ ਨਿਰਦੇਸ਼ ਦਿੱਤੇ । ਉਨ੍ਹਾਂ ਦੱਸਿਆ ਕਿ ਵਿਭਾਗ ਵੱਲੋਂ ਈ-ਨਿਗਮ ਸਾਫਟਵੇਅਰ ਤਿਆਰ ਕੀਤਾ ਗਿਆ ਏ , ਜਿਸ ਰਾਹੀਂ ਹੁਣ ਸਾਰੇ

ਮਤਿਆਂ 'ਤੇ ਆਨਲਾਈਨ ਪ੍ਰਕਿਰਿਆ ਕੀਤੀ ਜਾਵੇਗੀ। ਕੁਸ਼ਲਤਾ ਅਤੇ ਪਾਰਦਰਸ਼ਤਾ ਨੂੰ ਯਕੀਨੀ ਬਣਾਉਣ ਲਈ ਸਮਰੱਥ ਅਧਿਕਾਰੀਆਂ ਲਈ ਅਜਿਹੇ ਮਤਿਆਂ 'ਤੇ ਫੈਸਲੇ ਲੈਣ ਲਈ 10 ਕੰਮਕਾਜੀ ਦਿਨਾਂ ਦੀ ਇੱਕ ਸਖ਼ਤ ਸਮਾਂ-ਹੱਦ ਨਿਰਧਾਰਤ ਕੀਤੀ ਗਈ ਏ । ਪਾਣੀ ਦੀ ਸਪਲਾਈ ਸਬੰਧੀ ਪ੍ਰਬੰਧਾਂ ਦੀ ਸਮੀਖਿਆ ਕਰਦਿਆਂ, ਸੰਜੀਵ ਅਰੋੜਾ ਨੇ ਨਾਗਰਿਕਾਂ ਲਈ ਪਾਣੀ ਦੀ ਨਿਰਵਿਘਨ ਸਪਲਾਈ ਯਕੀਨੀ ਬਣਾਉਣ ਲਈ ਇੱਕ ਮਹੀਨੇ ਦੇ ਅੰਦਰ ਸਾਰੇ ਟਿਊਬਵੈਲਾਂ 'ਤੇ ਟਾਈਮਰ ਸੈਂਸਰ ਲਗਾਉਣ ਦੇ ਨਿਰਦੇਸ਼ ਦਿੱਤੇ। ਟਿਊਬਵੈੱਲਾਂ ਵਿੱਚ ਖਰਾਬੀਆਂ ਕਾਰਨ ਗਰਮੀਆਂ ਦੌਰਾਨ ਅਕਸਰ ਪੈਦਾ ਹੋਣ ਵਾਲੀਆਂ ਰੁਕਾਵਟਾਂ ਨੂੰ ਧਿਆਨ ਵਿੱਚ ਰੱਖਦਿਆਂ, ਸਾਰੇ ਨਗਰ ਨਿਗਮ ਕਮਿਸ਼ਨਰਾਂ ਅਤੇ ਵਧੀਕ ਡਿਪਟੀ ਕਮਿਸ਼ਨਰਾਂ ਨੂੰ ਇਹਨਾਂ ਟਿਊਬਵੈੱਲਾਂ ਨੂੰ ਤੁਰੰਤ ਬਦਲਣ ਅਤੇ ਨਿਰਵਿਘਨ ਸੇਵਾਵਾਂ ਨੂੰ ਯਕੀਨੀ ਬਣਾਉਣ ਲਈ ਪਹਿਲਾਂ ਤੋਂ ਪੰਪ ਸੈੱਟ ਖਰੀਦਣ ਦੇ ਨਿਰਦੇਸ਼ ਦਿੱਤੇ ਗਏ ਹਨ। ਸਫ਼ਾਈ ਅਤੇ ਸੈਨੀਟੇਸ਼ਨ 'ਤੇ ਜ਼ੋਰ ਦਿੰਦਿਆਂ, ਮੰਤਰੀ ਨੇ ਸਾਰੇ ਅਧਿਕਾਰੀਆਂ ਨੂੰ ਸੀਵਰੇਜ ਨਾਲ ਸਬੰਧਤ ਮੁੱਦਿਆਂ ਨੂੰ ਹੱਲ ਕਰਨ ਅਤੇ ਆਉਣ ਵਾਲੇ ਬਰਸਾਤੀ ਮੌਸਮ

ਦੌਰਾਨ ਪਾਣੀ ਭਰਨ ਤੋਂ ਰੋਕਣ ਲਈ ਇੱਕ ਵਿਸ਼ੇਸ਼ ਸੀਵਰੇਜ-ਸਫਾਈ ਮੁਹਿੰਮ ਚਲਾਉਣ ਦੇ ਨਿਰਦੇਸ਼ ਦਿੱਤੇ। ਉਨ੍ਹਾਂ ਨੇ ਸਾਰੇ ਸ਼ਹਿਰੀ ਖੇਤਰਾਂ ਵਿੱਚ ਰੋਜ਼ਾਨਾ ਕੂੜਾ ਇਕੱਠਾ ਕਰਨ ਅਤੇ ਹਫ਼ਤਾਵਾਰੀ ਸਫਾਈ ਮੁਹਿੰਮ ਨੂੰ ਯਕੀਨੀ ਬਣਾਉਣ ਲਈ ਅਚਨਚੇਤ ਨਿਰੀਖਣ ਕਰਨ ਦੇ ਹੁਕਮ ਵੀ ਦਿੱਤੇ।

---------------------------------------------------------

ਪੰਜਾਬ ਸਰਕਾਰ ਦੀ 'ਯੁੱਧ ਨਸ਼ਿਆਂ ਵਿਰੁੱਧ' ਪਹਿਲਕਦਮੀ ਤਹਿਤ, ਸੂਬੇ ਭਰ ਦੇ 200 ਸਰਕਾਰੀ ਅਤੇ ਸਹਾਇਤਾ ਪ੍ਰਾਪਤ ਕਾਲਜਾਂ ਦੇ ਫੈਕਲਟੀ ਮੈਂਬਰਾਂ ਲਈ ਸਮਰੱਥਾ ਨਿਰਮਾਣ ਅਤੇ ਸੰਵੇਦਨਸ਼ੀਲਤਾ ਵਰਕਸ਼ਾਪ ਕਾਰਵਾਈਆਂ ਗਈਆਂ। ਸੂਬੇ ਭਰ ਦੇ ਲਗਭਗ 200 ਕਾਲਜਾਂ ਦੇ ਨੋਡਲ ਪ੍ਰੋਫੈਸਰਾਂ ਨੇ 20 ਤੋਂ 30 ਜਨਵਰੀ ਤੱਕ ਚਾਰ ਜ਼ਿਲ੍ਹਿਆਂ ਵਿੱਚ ਆਯੋਜਿਤ ਇੱਕ-ਰੋਜ਼ਾ ਵਰਕਸ਼ਾਪਾਂ ਵਿੱਚ ਹਿੱਸਾ ਲਿਆ। ਇਹ ਵਰਕਸ਼ਾਪ ਉੱਚ ਸਿੱਖਿਆ ਵਿਭਾਗ, ਵਲੋਂ ਡਾ. ਬੀ.ਆਰ. ਅੰਬੇਡਕਰ ਸਟੇਟ ਇੰਸਟੀਚਿਊਟ ਆਫ਼ ਮੈਡੀਕਲ ਸਾਇੰਸਜ਼ ਮੋਹਾਲੀ ਦੇ ਡੇਟਾ ਇੰਟੈਲੀਜੈਂਸ ਅਤੇ ਟੈਕਨੀਕਲ ਸਪੋਰਟ ਯੂਨਿਟ ਦੇ ਸਹਿਯੋਗ ਨਾਲ ਆਯੋਜਿਤ

ਕੀਤੀਆਂ ਗਈਆਂ ਸਨ। ਇਹ ਵਰਕਸ਼ਾਪ ਲੁਧਿਆਣਾ ਦੇ ਸਤੀਸ਼ ਚੰਦਰ ਧਵਨ ਸਰਕਾਰੀ ਕਾਲਜ, ਪਟਿਆਲਾ ਦੇ ਮਹਿੰਦਰਾ ਕਾਲਜ, ਬਠਿੰਡਾ ਦੇਰਾਜਿੰਦਰਾ ਕਾਲਜ ਅਤੇ ਜਲੰਧਰ ਕਾਲਜ ਆਫ਼ ਐਜੂਕੇਸ਼ਨ ਵਿਖੇ ਕਰਵਾਈਆਂ ਗਈਆਂ ਸਨ। ਮਹਿੰਦਰਾ ਕਾਲਜ, ਪਟਿਆਲਾ ਵਿਖੇ ਵਰਕਸ਼ਾਪ ਵਿਚ ਸਿਹਤ ਮੰਤਰੀ ਡਾ. ਬਲਬੀਰ ਸਿੰਘ ਮੌਜੂਦ ਰਹੇ। ਇਸ ਮੌਕੇ  ਨਸ਼ੀਲੇ ਪਦਾਰਥਾਂ ਦੀ ਦੁਰਵਰਤੋਂ ਨੂੰ ਹੱਲ ਕਰਨ ਅਤੇ ਮਾਨਸਿਕ ਸਿਹਤ ਸਹਾਇਤਾ ਪ੍ਰਣਾਲੀਆਂ ਨੂੰ ਮਜ਼ਬੂਤ ਕਰਨ ਲਈ ਸਰਕਾਰ ਦੀ ਵਚਨਬੱਧਤਾ ਨੂੰ ਉਜਾਗਰ ਕੀਤਾ।  ਯੁੱਧ ਨਸ਼ੇ ਵਿਰੁੱਧ ਦੇ ਦੂਜੇ ਗੇੜ ਵਿੱਚ, ਸਰਕਾਰ ਪੰਜਾਬ ਨੂੰ ਨਸ਼ਾ ਮੁਕਤ ਬਣਾਉਣ ਦੇ ਉਦੇਸ਼ ਨਾਲ ਕਈ ਪਹਿਲਕਦਮੀਆਂ ਕਰ ਰਹੀ ਏ । ਇਸ ਸਿਲਸਿਲੇ ਵਿੱਚ, ਅਜਿਹੀਆਂ ਸਮਰੱਥਾ ਨਿਰਮਾਣ ਸਿਖਲਾਈਆਂ ਨਸ਼ਿਆਂ ਦੀ ਮੰਗ ਨੂੰ ਘਟਾਉਣ, ਨੌਜਵਾਨਾਂ ਨੂੰ ਸਸ਼ਕਤ ਬਣਾਉਣ ਅਤੇ ਰੋਕਥਾਮ ਦੇ ਯਤਨਾਂ ਨੂੰ ਮਜ਼ਬੂਤ ਕਰਨ ਵਿੱਚ ਮਹੱਤਵਪੂਰਨ ਭੂਮਿਕਾ ਨਿਭਾਉਂਦੀਆਂ ਹਨ।

---------------------------------------------------

ਕੌਮੀ ਗ੍ਰੀਨ ਟ੍ਰਿਬਿਊਨਲ ਦੇ ਮੈਂਬਰ ਅਤੇ ਪ੍ਰਿੰਸੀਪਲ ਬੈਂਚ ਦੇ ਜੱਜ ਡਾ. ਅਫ਼ਰੋਜ਼ ਅਹਿਮਦ ਨੇ ਅੱਜ ਪਟਿਆਲਾ ਵਿਖੇ ਜ਼ਿਲ੍ਹਾ ਵਾਤਾਵਰਣ ਯੋਜਨਾ ਦੀ ਸਮੀਖਿਆ ਕੀਤੀ। ਇਸ ਮੌਕੇ ਪਟਿਆਲਾ ਨੂੰ ਸਾਫ਼ ਤੇ ਹਰਾ-ਭਰਾ ਬਣਾਉਣ ਲਈ ਠੋਸ ਵਾਤਾਵਰਨ ਕਦਮ ਚੁੱਕਣ 'ਤੇ ਜ਼ੋਰ ਦਿੰਦਿਆਂ ਕੌਮੀ ਗ੍ਰੀਨ ਟ੍ਰਿਬਿਊਨਲ ਮੈਂਬਰ ਨੇ ਕਿਹਾ ਕਿ ਇਸ ਦਿਸ਼ਾ ਵਿੱਚ ਟ੍ਰਿਬਿਊਨਲ ਵੱਲੋਂ ਜਾਰੀ ਕੀਤੇ ਫ਼ੈਸਲਿਆਂ ਅਤੇ ਦਿਸ਼ਾ-ਨਿਰਦੇਸ਼ਾਂ ਦੀ ਪਾਲਣਾ ਵੀ ਯਕੀਨੀ ਬਣਾਈ ਜਾਵੇ। ਜ਼ਿਲ੍ਹਾ ਪ੍ਰਬੰਧਕੀ ਕੰਪਲੈਕਸ ਵਿਖੇ ਡਿਪਟੀ ਕਮਿਸ਼ਨਰ ਵਰਜੀਤ ਵਾਲੀਆ, ਨਗਰ ਨਿਗਮ ਕਮਿਸ਼ਨਰ ਪਰਮਜੀਤ ਸਿੰਘ, SSP ਵਰੁਣ ਸ਼ਰਮਾ, SP ਵੈਭਵ ਚੌਧਰੀ, ਪੰਜਾਬ ਪ੍ਰਦੂਸ਼ਣ ਕੰਟਰੋਲ ਬੋਰਡ ਦੇ ਮੈਂਬਰ ਸਕੱਤਰ ਡਾ. ਲਵਨੀਤ ਦੂਬੇ ਅਤੇ ਜ਼ਿਲ੍ਹਾ ਪ੍ਰਸ਼ਾਸ਼ਨ ਨਾਲ ਸਮੀਖਿਆ ਮੀਟਿੰਗ ਕਰਦਿਆਂ ਡਾ. ਅਫ਼ਰੋਜ਼ ਅਹਿਮਦ ਨੇ ਨਿਰਦੇਸ਼ ਦਿੱਤੇ ਕਿ ਜ਼ਿਲ੍ਹਾ ਵਾਤਾਵਰਣ ਯੋਜਨਾ ਨੂੰ ਹੋਰ ਪ੍ਰਭਾਵਸ਼ਾਲੀ ਢੰਗ ਨਾਲ ਲਾਗੂ ਕਰਕੇ ਪਟਿਆਲਾ ਜ਼ਿਲ੍ਹੇ ਨੂੰ ਸਾਫ਼, ਹਰਾ-ਭਰਾ ਅਤੇ ਵਾਤਾਵਰਣ-ਮਿਤਰ ਬਣਾਇਆ ਜਾਵੇ। ਉਨ੍ਹਾਂ ਨੇ ਪੰਜਾਬ ਪ੍ਰਦੂਸ਼ਣ

ਕੰਟਰੋਲ ਬੋਰਡ ਵੱਲੋਂ ਐਨ ਜੀ ਟੀ ਦੇ ਹੁਕਮਾਂ ਦੀ ਪਾਲਣਾ ਵਿੱਚ ਕੀਤੀ ਗਈ ਪ੍ਰਗਤੀ ਦੀ ਸ਼ਲਾਘਾ ਕੀਤੀ।

---------------------------------------------------------

ਪੰਜਾਬ ਦੇ ਸਿਹਤ ਮੰਤਰੀ ਡਾ. ਬਲਬੀਰ ਸਿੰਘ ਨੇ ਕਿਹਾ ਕਿ ਮੁੱਖ ਮੰਤਰੀ ਸਿਹਤ ਯੋਜਨਾ ਨੂੰ ਸੂਬੇ ਭਰ ਵੱਲੋਂ ਭਰਵਾਂ ਹੁੰਗਾਰਾ ਮਿਲ ਰਿਹਾ ਏ । ਪਟਿਆਲਾ ਦੇ ਸਰਕਟ ਹਾਊਸ ਵਿਖੇ ਪ੍ਰੈਸ ਕਾਨਫਰੰਸ ਨੂੰ ਸੰਬੋਧਨ ਕਰਦਿਆਂ ਡਾ. ਬਲਬੀਰ ਸਿੰਘ ਨੇ ਕਿਹਾ ਕਿ ਇਸ ਯੋਜਨਾ ਤਹਿਤ ਲੋਕਾਂ ਨੂੰ ਬਿਹਤਰ ਸਿਹਤ ਸਹੂਲਤਾਂ ਅਤੇ ਮੁਫ਼ਤ ਇਲਾਜ ਦਾ ਵੱਡਾ ਲਾਭ ਮਿਲਣਾ ਸ਼ੁਰੂ ਹੋ ਗਿਆ ਹੈ, ਜੋ ਕਿ ਜਨਤਕ ਸਿਹਤ ਸੰਭਾਲ ਨੂੰ ਮਜ਼ਬੂਤ ਕਰਨ ਲਈ ਸਰਕਾਰ ਦੀ ਦ੍ਰਿੜ ਵਚਨਬੱਧਤਾ ਨੂੰ ਦਰਸਾਉਂਦਾ ਏ । ਡਾ. ਬਲਬੀਰ ਸਿੰਘ ਨੇ ਸੂਬੇ ਦੇ ਸਾਰੇ ਵਸਨੀਕਾਂ ਨੂੰ ਅਪੀਲ ਕੀਤੀ ਕਿ ਉਹ ਇਸ ਯੋਜਨਾ ਤਹਿਤ ਰਜਿਸਟ੍ਰੇਸ਼ਨ ਲਈ ਕਿਸੇ ਵੀ ਕਾਮਨ ਸਰਵਿਸ ਸੈਂਟਰਾਂ ਵਿੱਚ ਵੇਲੇ ਆਪਣਾ ਵੋਟਰ ਕਾਰਡ ਅਤੇ ਆਧਾਰ ਕਾਰਡ ਆਪਣੇ ਨਾਲ ਰੱਖਣ। ਉਨ੍ਹਾਂ ਦੱਸਿਆ ਕਿ ਪੰਜਾਬ ਯੂਥ ਵਿਕਾਸ ਬੋਰਡ ਦੇ ਵਲੰਟੀਅਰ ਇਸ ਯੋਜਨਾ ਦਾ ਲਾਭ ਲੋਕਾਂ ਨੂੰ ਦੇਣ ਲਈ ਜੋੜੇ ਗਏ ਹਨ

ਅਤੇ ਉਨ੍ਹਾਂ ਵੱਲੋਂ ਕਾਰਡ ਬਣਾਉਣ ਲਈ ਪਹਿਲਾਂ ਹੀ ਲਗਭਗ ਸਾਢੇ 3 ਲੱਖ ਰਸੀਦਾਂ ਤਿਆਰ ਕੀਤੀਆਂ ਗਈਆਂ ਹਨ। ਸਿਹਤ ਮੰਤਰੀ ਨੇ ਕਿਹਾ ਕਿ ਸਿਹਤ ਵਿਭਾਗ ਨੇ ਸੁਵਿਧਾ ਕੇਂਦਰਾਂ ਨਾਲ ਸਾਂਝੇਦਾਰੀ ਕਰਕੇ ਪੰਜਾਬ ਭਰ ਵਿੱਚ ਵੱਡੇ ਪੱਧਰ 'ਤੇ 800 ਕੈਂਪ ਲਗਾਏ ਜਾਣਗੇ। ਉਨ੍ਹਾਂ ਕਿਹਾ ਕਿ ਸਾਰੇ ਸੀਐਚਸੀਜ ਨੂੰ ਰਜਿਸਟ੍ਰੇਸ਼ਨ ਤੇਜ਼ ਕਰਨ ਦੇ ਨਿਰਦੇਸ਼ ਦਿੱਤੇ ਗਏ ਹਨ ਜਦੋਂ ਕਿ ਆਮ ਆਦਮੀ ਪਾਰਟੀ ਦੇ ਵਲੰਟੀਅਰ ਵੀ ਵੱਧ ਤੋਂ ਵੱਧ ਲੋਕਾਂ ਤੱਕ ਪਹੁੰਚ ਨੂੰ ਯਕੀਨੀ ਬਣਾਉਣ ਲਈ ਘਰ-ਘਰ ਜਾ ਰਹੇ ਨੇ।

---------------------------------------------------

ਸ੍ਰੀ ਗੁਰੂ ਰਵਿਦਾਸ ਜੀ ਦੇ ਪ੍ਰਕਾਸ਼ ਪੁਰਬ ਨੂੰ ਸਮਰਪਿਤ ਮੁਹਾਲੀ ਦੇ ਗੁਰਦੁਆਰਾ ਰਵਿਦਾਸ ਜੀ ਤੋਂ ਨਗਰ ਕੀਰਤਨ ਕਡਿਆ ਗਿਆ। ਇਸ ਮੌਕੇ ਵਿੱਤ ਮੰਤਰੀ ਹਰਪਾਲ ਸਿੰਘ ਚੀਮਾ ਅਤੇ ਮੁਹਾਲੀ ਦੇ ਵਿਧਾਇਕ ਕੁਲਵੰਤ ਸਿੰਘ ਨੇ ਨਗਰ ਕੀਰਤਨ ਵਿਚ ਸ਼ਾਮਿਲ ਹੋਕੇ ਸ਼ਰਧਾ ਜ਼ਾਹਿਰ ਕੀਤੀ ਇਸ ਦੌਰਾਨ, ਮੋਹਾਲੀ ਵਿੱਚ ਨਗਰ ਕੀਰਤਨ ਦਾ ਜ਼ੋਰਦਾਰ ਸਵਾਗਤ ਕੀਤਾ ਗਿਆ ਅਤੇ ਰਸਤੇ ਵਿੱਚ ਥਾਂ ਥਾਂ ਲੰਗਰ ਵੀ ਲਗਾਏ ਗਏ ਸਨ। ਵਿੱਤ ਮੰਤਰੀ ਨੇ ਦੱਸਿਆ ਕਿ ਪੰਜਾਬ ਸਰਕਾਰ ਸ੍ਰੀ ਗੁਰੂ

ਰਵਿਦਾਸ ਦੇ 650ਵੇਂ ਜਨਮ ਦਿਨ ਨੂੰ ਮਨਾਉਣ ਲਈ ਕਈ ਪ੍ਰੋਗਰਾਮ ਕਰ ਰਹੀ ਏ। ਇਸੇ ਤਰ੍ਹਾਂ ਡੇਰਾ ਬੱਲਾ ਜਲੰਧਰ ਨੇੜੇ ਫਰੀਦਪੁਰ ਪਿੰਡ ਵਿੱਚ 10 ਏਕੜ ਤੋਂ ਵੱਧ ਜ਼ਮੀਨ ਵਿੱਚ ਸ੍ਰੀ ਗੁਰੂ ਰਵਿਦਾਸ ਬਾਣੀ ਸੰਚਾਰ ਕੇਂਦਰ ਬਣਾਇਆ ਜਾ ਰਿਹਾ ਏ , ਜ਼ਮੀਨ ਸਰਕਾਰ ਨੇ ਪਹਿਲਾਂ ਹੀ ਖਰੀਦ ਲਈ ਏ।

---------------------------------------------------

ਪੰਜਾਬ ਵਿਜੀਲੈਂਸ ਬਿਊਰੋ ਨੇ ਜ਼ਿਲ੍ਹਾ ਲੁਧਿਆਣਾ ਦੇ ਕਮਿਊਨਿਟੀ ਹੈਲਥ ਸੈਂਟਰ ਸਿੱਧਵਾਂ ਬੇਟ ਵਿਖੇ ਤਾਇਨਾਤ ਐਸ.ਐਮ.ਓ. ਡਾ. ਹਰਕੀਰਤ ਗਿੱਲ ਅਤੇ ਸਤਵਿੰਦਰ ਸਿੰਘ ਸੀਨੀਅਰ ਸਹਾਇਕ ਨੂੰ 32 ਹਜ਼ਾਰ ਰੁਪਏ ਰਿਸ਼ਵਤ ਲੈਂਦਿਆਂ ਰੰਗੇ ਹੱਥੀਂ ਕਾਬੂ ਕੀਤਾ ਏ।   ਵਿਜੀਲੈਂਸ ਬਿਊਰੋ ਦੇ ਬੁਲਾਰੇ ਨੇ ਦੱਸਿਆ ਕਿ ਇਨ੍ਹਾਂ ਮੁਲਜ਼ਮਾਂ ਨੂੰ ਸਿਹਤ ਕਰਮਚਾਰੀ ਵਲੋਂ ਦਰਜ ਕਰਵਾਈ ਗਈ ਸ਼ਿਕਾਇਤ ਦੇ ਆਧਾਰ 'ਤੇ ਗ੍ਰਿਫ਼ਤਾਰ ਕੀਤਾ ਗਿਆ ਏ। ਉਨ੍ਹਾਂ ਦੱਸਿਆ ਕਿ ਸਿੱਧਵਾਂ ਬੇਟ ਦੇ ਕਮਿਊਨਿਟੀ ਹੈਲਥ ਸੈਂਟਰ ਵਿੱਚ ਆਡਿਟ ਚੱਲ ਰਿਹਾ ਸੀ, ਜਿਸ ਦੇ ਸਬੰਧ ਵਿੱਚ ਡਾ. ਹਰਕੀਰਤ ਗਿੱਲ ਨੇ ਸੀਨੀਅਰ ਸਹਾਇਕ ਸਤਵਿੰਦਰ ਸਿੰਘ ਰਾਹੀਂ

ਸੀ.ਐਚ.ਸੀ ਵਿਖੇ  ਤਾਇਨਾਤ ਲਗਭਗ 50 ਕਰਮਚਾਰੀਆਂ ਤੋਂ ਆਡਿਟ ਟੀਮ ਨੂੰ ਰਿਸ਼ਵਤ ਦੇਣ ਦੇ ਨਾਂਅ ‘ਤੇ ਪ੍ਰਤੀ ਕਰਮਚਾਰੀ 2500 ਤੋਂ 6000 ਰੁਪਏ ਰਿਸ਼ਵਤ ਮੰਗੀ। ਮੁੱਢਲੀ ਜਾਂਚ ਤੋਂ ਬਾਅਦ ਵਿਜੀਲੈਂਸ ਬਿਊਰੋ ਦੀ ਲੁਧਿਆਣਾ ਦੀ ਟੀਮ ਨੇ ਸ਼ਿਕਾਇਤਕਰਤਾ ਤੋਂ 32 ਹਜ਼ਾਰ ਰੁਪਏ ਰਿਸ਼ਵਤ ਲੈਂਦਿਆਂ ਰੰਗੇ ਹੱਥੀਂ ਗ੍ਰਿਫ਼ਤਾਰ ਕਰ ਲਿਆ। ਇਸ ਸਬੰਧ ਵਿੱਚ ਡਾ. ਹਰਕੀਰਤ ਗਿੱਲ ਕੋਲੋਂ 1 ਲੱਖ 4 ਹਜ਼ਾਰ 500 ਰੁਪਏ ਅਤੇ ਮੁਲਜ਼ਮ ਸਤਵਿੰਦਰ ਸਿੰਘ ਕੋਲੋਂ 1 ਲੱਖ 7 ਹਜ਼ਾਰ ਰੁਪਏ ਦੀ ਰਕਮ ਬਰਾਮਦ ਕੀਤੀ ਗਈ।

---------------------------------------------------------

ਮੁਹਾਲੀ ਜ਼ਿਲ੍ਹਾ ਪੁਲਿਸ ਨੇ ਵੱਖ-ਵੱਖ ਮਾਮਲਿਆਂ ਤਹਿਤ ਜ਼ਬਤ ਕੀਤੇ ਵਾਹਨਾਂ ਦੀ  ਨਿਲਾਮੀ ਕਰਕੇ 36 ਲੱਖ 58 ਹਜ਼ਾਰ  ਰੁਪਏ ਦੀ ਮਾਲੀਆ ਵਸੂਲੀ ਕੀਤੀ ਏ। ਐਸ.ਐਸ.ਪੀ ਹਰਮਨਦੀਪ ਸਿੰਘ ਹਾਂਸ ਨੇ ਦੱਸਿਆ ਕਿ ਇਸ ਮੁਹਿੰਮ ਤਹਿਤ 28, 29 ਅਤੇ 30 ਜਨਵਰੀ  ਨੂੰ ਜ਼ਿਲ੍ਹੇ ਦੇ ਅੱਠ ਪੁਲਿਸ ਥਾਣਿਆਂ ਵਿੱਚ ਕੁੱਲ 351 ਜ਼ਬਤ ਵਾਹਨਾਂ ਦੀ ਨਿਲਾਮੀ ਕੀਤੀ ਗਈ। ਉਨ੍ਹਾਂ ਦੱਸਿਆ ਕਿ ਪੰਜਾਬ ਪੁਲਿਸ ਮੁਖੀ ਵੱਲੋਂ

ਜਾਰੀ ਹੁਕਮਾਂ ਦੀ ਪਾਲਣਾ ਕਰਦੇ ਹੋਏ, ਹਾਦਸਿਆਂ ਸਮੇਤ ਹੋਰਨਾਂ ਮਾਮਲਿਆਂ ਨਾਲ ਸੰਬੰਧਿਤ ਲੰਮੇ ਸਮੇਂ ਤੋਂ ਪੁਲਿਸ ਥਾਣਿਆਂ ਵਿੱਚ ਖੜੇ ਵਾਹਨਾਂ ਦੇ ਸਮੇਂ-ਸਿਰ ਨਿਪਟਾਰੇ ਲਈ ਇੱਕ ਵਿਸ਼ੇਸ਼ ਮੁਹਿੰਮ ਸ਼ੁਰੂ ਕੀਤੀ ਗਈ ਏ।

---------------------------------------------------------------------

ਪਟਿਆਲਾ ਫਾਉਂਡੇਸ਼ਨ ਨੇ ਜ਼ਿਲੇ ਭਰ ਵਿੱਚ ਜ਼ਿੰਮੇਵਾਰ ਸੜਕ ਵਿਵਹਾਰ ਨੂੰ ਉਤਸ਼ਾਹਿਤ ਕਰਨ ਅਤੇ ਸੜਕ ਸੁਰੱਖਿਆ ਨਿਯਮਾਂ ਪ੍ਰਤੀ ਜਨਤਕ ਸਮਝ ਨੂੰ ਮਜ਼ਬੂਤ ਕਰਨ ਦੇ ਉਦੇਸ਼ ਨਾਲ ਰਾਸ਼ਟਰੀ ਸੜਕ ਸੁਰੱਖਿਆ ਮਹੀਨਾ ਮਨਾਇਆ। ਪੂਰੇ ਮਹੀਨੇ ਦੌਰਾਨ ਸ਼ਹਿਰ ਦੇ ਸਕੂਲਾਂ, ਕਾਲਜਾਂ ਅਤੇ ਯੂਨੀਵਰਸਿਟੀਆਂ ਵਿੱਚ ਜਾਗਰੂਕਤਾ ਸੈਸ਼ਨਾਂ ਦੇ ਨਾਲ-ਨਾਲ ਗੁਰਦਵਾਰਾ ਸ੍ਰੀ ਦੁਖਨਿਵਾਰਨ ਸਾਹਿਬ, ਲੇਬਰ ਚੌਕ ਤ੍ਰਿਪੁਰੀ ਅਤੇ ਕਿਲਾ ਚੌਕ ਵਰਗੇ ਪ੍ਰਮੁੱਖ ਥਾਵਾਂ 'ਤੇ ਰਿਫਲੈਕਟਿਵ ਸਟਿੱਕਰ ਕੈਂਪ ਵੀ ਲਗਾਏ ਗਏ। ਇਹ ਵੱਖ-ਵੱਖ ਪ੍ਰੋਗਰਾਮ ਟ੍ਰੈਫਿਕ ਨਿਯਮਾਂ ਦੀ ਪਾਲਣਾ, ਪੈਦਲ ਯਾਤਰੀਆਂ ਦੀ ਸੁਰੱਖਿਆ, ਹੈਲਮੇਟ ਅਤੇ  ਦੀ ਵਰਤੋਂ, ਐਮਰਜੈਂਸੀ ਪ੍ਰਤੀਕਿਰਿਆ, ਅਤੇ ਸੜਕ ਹਾਦਸਿਆਂ ਨੂੰ ਰੋਕਣ ਵਿੱਚ

ਨਾਗਰਿਕਾਂ ਦੀ ਭੂਮਿਕਾ 'ਤੇ ਕੇਂਦ੍ਰਿਤ ਰਹੇ । ਫਾਊਂਡੇਸ਼ਨ ਵੱਲੋਂ ਕੀਤੀਆਂ ਜਾ ਰਹੀਆਂ ਪਹਿਲਕਦਮੀਆਂ ਦਾ ਜਵਾਬ ਦਿੰਦੇ ਹੋਏ, ਸ਼੍ਰੀ ਰਵੀ ਸਿੰਘ ਆਹਲੂਵਾਲੀਆ ਨੇ ਕਿਹਾ ਕਿ ਸੜਕ ਸੁਰੱਖਿਆ ਇੱਕ ਸਾਂਝੀ ਜ਼ਿੰਮੇਵਾਰੀ ਏ ਜਿਸਦਾ ਅਭਿਆਸ ਹਰ ਰੋਜ਼ ਕਰਨਾ ਚਾਹੀਦਾ ਏ ਅਤੇ ਇਸਨੂੰ ਇੱਕ ਮਹੀਨੇ ਜਾਂ ਇੱਕ ਹਫ਼ਤੇ ਤੱਕ ਸੀਮਤ ਨਹੀਂ ਰੱਖਣਾ ਚਾਹੀਦਾ। ਉਨ੍ਹਾਂ ਕਿਹਾ ਕਿ ਅਸੀਂ ਜਾਗਰੂਕਤਾ, ਸਿੱਖਿਆ ਅਤੇ ਤਿਆਰੀ ਰਾਹੀਂ ਸੜਕ ਹਾਦਸਿਆਂ ਨੂੰ ਘਟਾ ਸਕਦੇ ਹਾਂ ਅਤੇ ਕੀਮਤੀ ਜਾਨਾਂ ਬਚਾ ਸਕਦੇ ਹਾਂ।

-------------------------------------------------

ਪੰਜਾਬ ਯੂਨੀਵਰਸਿਟੀ, ਚੰਡੀਗੜ੍ਹ ਨੇ ਅੱਜ ਆਪਣੇ ਸਭ ਤੋਂ ਪੁਰਾਣੇ ਸਾਬਕਾ ਵਿਦਿਆਰਥੀ ਅਤੇ ਅਣਵੰਡੇ ਪੰਜਾਬ ਦੇ ਸਭ ਤੋਂ ਸੀਨੀਅਰ ਸਾਬਕਾ ਵਿਧਾਇਕ, 104 ਸਾਲਾ ਸਹੀ ਰਾਮ ਬਿਸ਼ਨੋਈ ਨੂੰ ਡੱਬਵਾਲੀ ਨੇੜੇ ਪਿੰਡ ਸੱਤਖੇੜਾ ਸਥਿਤ ਉਨ੍ਹਾਂ ਦੇ ਨਿਵਾਸ ਸਥਾਨ 'ਤੇ ਸਨਮਾਨਿਤ ਕੀਤਾ । ਪੰਜਾਬ ਯੂਨੀਵਰਸਿਟੀ ਦੇ ਇੱਕ ਵਫ਼ਦ ਨੇ ਸ੍ਰੀ ਬਿਸ਼ਨੋਈ ਦੇ ਨਿਵਾਸ ਸਥਾਨ 'ਤੇ ਜਾ ਕੇ ਉਨ੍ਹਾਂ ਨੂੰ ਸ਼ਾਲ, ਪ੍ਰਸ਼ੰਸਾ ਪੱਤਰ ਅਤੇ ਯਾਦਗਾਰੀ ਚਿੰਨ੍ਹ ਭੇਟ ਕੀਤਾ। ਵਫ਼ਦ ਦੀ ਅਗਵਾਈ ਯੂਨੀਵਰਸਿਟੀ ਦੇ

ਰਜਿਸਟਰਾਰ, ਪ੍ਰੋਫੈਸਰ ਵਾਈ. ਪੀ. ਵਰਮਾ ਅਤੇ ਡੀਨ, ਐਲੂਮਨੀ ਰਿਲੇਸ਼ਨਜ਼, ਪ੍ਰੋਫੈਸਰ ਲਤਿਕਾ ਸ਼ਰਮਾ ਨੇ ਕੀਤੀ। ਇਸ ਮੌਕੇ ਵਾਈਸ ਚਾਂਸਲਰ, ਪ੍ਰੋ. ਰੇਣੂ ਵਿਗ ਨੇ ਵੀ ਸਹੀ ਰਾਮ ਬਿਸ਼ਨੋਈ ਨਾਲ ਵੀਡੀਓ ਕਾਲ ਰਾਹੀਂ ਗੱਲਬਾਤ ਕੀਤੀ। ਸ੍ਰੀ ਬਿਸ਼ਨੋਈ ਨੇ ਇਸ  ਸਨਮਾਨ ਲਈ ਯੂਨੀਵਰਸਿਟੀ ਦਾ ਧੰਨਵਾਦ ਕੀਤਾ  । ਵਾਈਸ ਚਾਂਸਲਰ ਪ੍ਰੋ. ਰੇਣੂ ਵਿਗ ਨੇ ਕਿਹਾ ਕਿ ਸਹੀ ਰਾਮ ਬਿਸ਼ਨੋਈ ਦਾ ਸਨਮਾਨ ਕਰਨਾ ਪੰਜਾਬ ਯੂਨੀਵਰਸਿਟੀ ਦੇ ਲਾਹੌਰ ਤੋਂ ਚੰਡੀਗੜ੍ਹ ਤੱਕ ਦੇ ਸਫ਼ਰ ਅਤੇ ਉਨ੍ਹਾਂ ਕਦਰਾਂ-ਕੀਮਤਾਂ ਦੀ ਯਾਦ ਦਿਵਾਉਂਦਾ ਏ  ਜੋ ਇਸ ਦੇ ਸਾਬਕਾ ਵਿਦਿਆਰਥੀ ਪੀੜ੍ਹੀ ਦਰ ਪੀੜ੍ਹੀ ਅੱਗੇ ਲੈ ਕੇ ਗਏ ਨੇ । ਉਨ੍ਹਾਂ ਕਿਹਾ ਕਿ ਸਾਹੀ ਰਾਮ ਬਿਸ਼ਨੋਈ ਯੂਨੀਵਰਸਿਟੀ ਦੀ ਰਿਵਾਇਤ , ਸੇਵਾ ਦੀ ਭਾਵਨਾ ਅਤੇ ਸਿੱਖਿਆ ਪ੍ਰਤੀ ਵਚਨਬੱਧਤਾ ਨੂੰ ਦਰਸਾਉਂਦੇ ਹਨ।

---------------------------------------------------------------

7ਵੀਂ ਐਨ.ਟੀ.ਪੀ.ਸੀ ਪੈਰਾ ਆਰਚਰਜ਼ ਨੈਸ਼ਨਲ ਚੈਂਪੀਅਨਸ਼ਿਪ-2026 ਦਾ ਅਯੋਜਨ  ਪਟਿਆਲਾ ਸਥਿਤ ਨੇਤਾਜੀ ਸੁਭਾਸ਼ ਨੈਸ਼ਨਲ ਇੰਸਟੀਟਿਊਟ ਆਫ ਸਪੋਰਟਸ  ਵਿੱਚ ਕੀਤਾ ਗਿਆ ਏ । ਪਟਿਆਲਾ ਦੇ

ਮੇਅਰ  ਕੁੰਦਨ ਗੋਗੀਆ ਨੇ ਇਸ ਰਾਸ਼ਟਰੀ ਪੱਧਰ ਦੀ ਪ੍ਰਤਿਯੋਗਿਤਾ ਦਾ ਸ਼ੁਭ ਆਰੰਭ ਕੀਤਾ। ਜ਼ਿਕਰਯੋਗ ਏ ਕਿ ਇਸ ਰਾਸ਼ਟਰੀ ਪੱਧਰ ਦੀ ਆਰਚਰੀ ਚੈਂਪੀਅਨਸ਼ਿਪ ਕਰਵਾਉਣ ਦੀ ਜ਼ਿੰਮੇਵਾਰੀ ਆਰਚਰੀ ਐਸੋਸੀਏਸ਼ਨ ਆਫ ਇੰਡੀਆ ਵੱਲੋਂ ਪੰਜਾਬ ਆਰਚਰੀ ਐਸੋਸੀਏਸ਼ਨ ਨੂੰ ਦਿੱਤੀ ਗਈ ਏ । ਇਹ ਚੈਂਪੀਅਨਸ਼ਿਪ ਸਪੋਰਟਸ ਅਥਾਰਟੀ ਆਫ ਇੰਡੀਆ  ਦੇ ਸਹਿਯੋਗ ਨਾਲ NIS ਪਟਿਆਲਾ ਵਿੱਚ 30 ਜਨਵਰੀ ਤੋਂ 3 ਫਰਵਰੀ ਤੱਕ ਕਰਵਾਈ ਜਾ ਰਹੀ ਏ ।  ਇਸ ਰਾਸ਼ਟਰੀ ਚੈਂਪੀਅਨਸ਼ਿਪ ਵਿੱਚ ਦੇਸ਼ ਭਰ ਤੋਂ ਆਏ ਪੈਰਾ ਤੀਰਅੰਦਾਜ਼ ਆਪਣੇ ਨਿਸ਼ਾਨਾਬੰਦੀ ਦੇ ਕੌਸ਼ਲ ਦਾ ਸ਼ਾਨਦਾਰ ਪ੍ਰਦਰਸ਼ਨ ਕਰ ਰਹੇ ਹਨ ਅਤੇ ਆਯੋਜਨ ਸਥਲ ‘ਤੇ ਬਹੁਤ ਹੀ ਉਤਸ਼ਾਹਪੂਰਨ ਮਾਹੌਲ ਦੇਖਣ ਨੂੰ ਮਿਲ ਰਿਹਾ ਏ । ਪ੍ਰਤਿਯੋਗਿਤਾ ਦੌਰਾਨ ਵੱਖ–ਵੱਖ ਵਰਗਾਂ ਵਿੱਚ ਸ਼ਾਨਦਾਰ ਪ੍ਰਦਰਸ਼ਨ ਕਰਨ ਵਾਲੇ ਖਿਡਾਰੀਆਂ ਨੂੰ ਮੈਡਲ ਦੇ ਕੇ ਸਨਮਾਨਿਤ ਕੀਤਾ ਜਾਵੇਗਾ।

---------------------------------------------------------

ਭਾਰਤ ਅਤੇ ਨਿਊਜ਼ੀਲੈਂਡ ਦਰਮਿਆਨ twenty-20 ਅੰਤਰ-ਰਾਸ਼ਟਰੀ ਕ੍ਰਿਕੇਟ ਲੜੀ ਦਾ ਪੰਜਵਾਂ ਅਤੇ ਆਖਰੀ ਮੈਚ ਅੱਜ ਤਿਰੂਵਨੰਤਪੁਰਮ

ਵਿਖੇ ਖੇਡਿਆ ਜਾਵੇਗਾ। ਮੈਚ ਸ਼ਾਮ 7 ਵਜੇ ਸ਼ੁਰੂ ਹੋਵੇਗਾ। ਭਾਰਤੀ ਟੀਮ ਨੂੰ ਵਿਸ਼ਾਖਾਪਟਨਮ ਵਿੱਚ ਚੌਥੇ ਮੈਚ ਵਿੱਚ 50 ਦੌੜਾਂ ਨਾਲ ਹਾਰ ਦਾ ਸਾਹਮਣਾ ਕਰਨਾ ਪਿਆ। ਹਾਲਾਂਕਿ, ਭਾਰਤ ਪਹਿਲਾਂ ਹੀ ਲੜੀ ਵਿੱਚ 3-1 ਦੀ ਫੈਸਲਾਕੁੰਨ ਲੀਡ ਲੈ ਚੁਕਿਆ ਏ.

---------------------------------------------------------------

• ਪ੍ਰਧਾਨ ਮੰਤਰੀ ਨਰੇਂਦਰ ਮੋਦੀ ਕੱਲ੍ਹ ਸੰਤ ਗੁਰੂ ਰਵਿਦਾਸ ਦਾ 649ਵਾਂ ਪ੍ਰਕਾਸ਼ ਪੁਰਬ ਮੌਕੇ ਜਲੰਧਰ ਦੇ ਦੌਰੇ 'ਤੇ ਹੋਣਗੇ- ਇਸੇ ਦੌਰਾਨ ਆਦਮਪੁਰ ਹਵਾਈ ਅੱਡੇ ਦਾ ਨਾਮ ਬਦਲ ਕੇ, ਆਦਮਪੁਰ ਸ਼੍ਰੀ ਗੁਰੂ ਰਵਿਦਾਸ ਜੀ ਹਵਾਈ ਅੱਡਾ ਰੱਖਣਗੇ।

• ਰਾਸ਼ਟਰਪਤੀ ਦ੍ਰੋਪਦੀ ਮੁਰਮੂ ਨੇ ਗੁਰੂ ਰਵਿਦਾਸ ਜੀ ਦੇ ਪ੍ਰਕਾਸ਼ ਪੁਰਬ ਤੋਂ ਪਹਿਲਾਂ ਦੀ ਸ਼ਾਮ ਲੋਕਾਂ ਨੂੰ ਵਧਾਈ ਦਿੱਤੀ।

• ਕੈਬਿਨੇਟ ਮੰਤਰੀ ਸੰਜੀਵ ਅਰੋੜਾ ਨੇ ਸਾਰੀਆਂ ਸ਼ਹਿਰੀ ਸਥਾਨਕ ਇਕਾਈਆਂ ਦੇ ਕੰਮ ਕਾਜ ਲਈ ਮਤੇ ਪੂਰੀ ਤਰ੍ਹਾਂ ਕਾਗਜ਼ ਰਹਿਤ ਢੰਗ ਨਾਲ ਪਾਸ ਕਰਨ ਦੇ ਨਿਰਦੇਸ਼ ਦਿੱਤੇ ।

- ਪੰਜਾਬ ਸਰਕਾਰ ਵਲੋਂ 'ਯੁੱਧ ਨਸ਼ਿਆਂ ਵਿਰੁੱਧ' ਪਹਿਲਕਦਮੀ ਤਹਿਤ, ਸੂਬੇ ਭਰ ਦੇ 200 ਸਰਕਾਰੀ ਕਾਲਜਾਂ ਲਈ ਸਮਰੱਥਾ ਨਿਰਮਾਣ ਵਰਕਸ਼ਾਪ ਦਾ ਆਯੋਜਨ।
- ਭਾਰਤ ਅਤੇ ਨਿਊਜ਼ੀਲੈਂਡ ਦਰਮਿਆਨ twenty-20 ਅੰਤਰ-ਰਾਸ਼ਟਰੀ ਕ੍ਰਿਕੇਟ ਲੜੀ ਦਾ 5ਵਾਂ ਅਤੇ ਆਖਰੀ ਮੈਚ ਅੱਜ ਤਿਰੂਵਨੰਤਪੁਰਮ ਵਿਖੇ ਖੇਡਿਆ ਜਾਵੇਗਾ।

ਇਸਦੇ ਨਾਲ ਖਬਰਾਂ ਦਾ ਇਹ ਬੁਲੇਟਿਨ ਖਤਮ ਹੋਇਆ, ਰਾਸ਼ਟਰੀ ਖਬਰਾਂ ਦਾ ਅਗਲਾ ਬੁਲੇਟਿਨ ਤੁਸੀਂ ਸੁਣੋਗੇ 7 ਵੱਜਕੇ 30 ਮਿੰਟ 'ਤੇ

ਨਮਸਕਾਰ !